ਦਫ਼ਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਨੰ: 1, ਭਵਨ ਤੇ ਮਾਰਗ ਸ਼ਾਖਾ, ਪਟਿਆਲਾ
ਈ-ਮੇਲ eepd1ptapwdpb@gmail.com Ph. No. 0175-2356435

ਵੱਲ

Principal,
Lady of Fatima Convent Secondary School,
Ajit Nagar, Patiala.

ਮੀਮੋ ਨੰਬਰ- 5134 ਮਿਤੀ- 26/7/21

ਵਿਸ਼ਾ- ਸਕੂਲ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।
ਹਵਾਲਾ- ਆਪ ਦੇ ਸਕੂਲ ਦਾ ਕੇਸ ਨੰਬਰ- ਨਿੱਲ ਮਿਤੀ- 10.06.2021 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਸਬੰਧੀ ਹਵਾਲੇ ਅਧੀਨ ਪੱਤਰ ਦੇ ਸਬੰਧ ਵਿਚ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਨੰਬਰ 6, ਭਵਨ ਤੇ ਮਾਰਗ ਸ਼ਾਖਾ, ਪਟਿਆਲਾ ਵਲੋਂ ਮੁਆਇਨਾ ਕੀਤਾ ਗਿਆ। ਬਿਲਡਿੰਗ ਦੇਖਣ ਨੂੰ ਸੁਰੱਖਿਅਤ ਜਾਪਦੀ ਹੈ ਅਤੇ ਇਹ ਇਮਾਰਤ ਵਰਤਣਯੋਗ ਹੈ। ਇਸ ਲਈ ਆਪ ਨੂੰ ਇਹ ਸਕੂਲ ਸੇਫਟੀ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ। ਇਹ ਸਰਟੀਫਿਕੇਟ ਮਿਤੀ 31.03.2022 ਤੱਕ ਵੈਲਿਡ ਰਹੇਗਾ।

_ਸ਼ਰਤਾਂ-_

1. ਇਸ ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 07.06.2022 ਤੱਕ ਵੈਲਿਡ ਹੈ, ਇਹ ਸਕੂਲ ਸੇਫਟੀ ਸਰਟੀਫਿਕੇਟ 31.03.2022 ਤੱਕ ਇਸ ਸ਼ਰਤ ਤੇ ਦਿੱਤਾ ਜਾਂਦਾ ਹੈ ਕਿ ਸਕੂਲ ਵੱਲੋਂ ਫਾਇਰ ਸਰਟੀਫਿਕੇਟ ਨਿਸ਼ਚਿਤ ਮਿਤੀ ਤੋਂ ਪਹਿਲਾਂ ਸਮੇਂ ਸਿਰ ਰਿਨੀਊ ਕਰਵਾਉਣਾ ਹੋਵੇਗਾ। ਜੇਕਰ ਫਾਇਰ ਸਰਟੀਫਿਕੇਟ ਰਿਨੀਊ ਨਹੀਂ ਕਰਵਾਇਆ ਜਾਂਦਾ ਤਾਂ ਸਕੂਲ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
2. ਸਕੂਲ ਬਿਲਡਿੰਗ ਤੱਕ ਰਸਤਾ ਜੇਕਰ ਲਿਆ ਜਾਂਦਾ ਹੈ ਤਾਂ ਇਸ ਦੀ ਪ੍ਰੋਪਰ ਮੰਨਜ਼ੂਰੀ ਸਬੰਧਤ ਵਿਭਾਗ ਤੋ ਲੈਣੀ ਯਕੀਨੀ ਬਣਾਈ ਜਾਵੇ।
3. ਸੜਕ ਤੋ ਸਕੂਲ ਤੱਕ ਅਤੇ ਸੜਕ ਕਰੋਸਿੰਗ ਲਈ ਲੋੜੀਂਦੇ ਪ੍ਰਬੰਧ ਸਹੀ ਢੰਗ ਨਾਲ ਕੀਤੇ ਜਾਣ ਅਤੇ ਲੋੜੀਂਦੇ ਨਿਸ਼ਾਨ ਚਿੰਨ ਅਤੇ ਨਿਸ਼ਾਨ ਬੋਰਡ ਆਪਣੇ ਪੱਧਰ ਤੇ ਲਗਾਉਣੇ ਯਕੀਨੀ ਬਣਾਇਆ ਜਾਵੇ।
4. ਪਾਰਕਿੰਗ ਲਈ ਇੰਤਜਾਮ ਸਕੂਲ ਅਥਾਰਟੀ ਆਪਣੇ ਪੱਧਰ ਤੇ ਕਰੇਗੀ ਜਿਸ ਨਾਲ ਪਬਲਿਕ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀ ਆਉਣੀ ਚਾਹੀਦੀ।
5. ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋ ਜਾਰੀ ਸਕੂਲ ਬੱਸਾਂ ਵਿੱਚ ਸੁਰਖਿਆ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।
6. ਇਹ ਸਰਟੀਫਿਕੇਟ ਜਾਰੀ ਹੋਣ ਤੋ ਬਾਅਦ ਜੇਕਰ ਬਿਲਡਿੰਗ ਵਿੱਚ ਕੋਈ ਵਾਧਾ ਕੀਤਾ ਜਾਂਦਾ ਹੈ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇ ਅਤੇ ਨਵੇਂ ਸਕੂਲ ਸੇਫਟੀ ਸਰਟੀਫਿਕੇਟ ਲਈ ਕੇਸ ਅਪਲਾਈ ਕੀਤਾ ਜਾਵੇ।
7. ਜੇਕਰ ਉਪਰੋਕਤ ਦਿੱਤੀਆਂ ਹਦਾਇਤਾਂ/ਕੰਡੀਸ਼ਨਾਂ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰਬਰ 1,
ਲੋ.ਨਿ.ਵਿ.,ਭ ਤੇ ਮ ਸ਼ਾਖਾ, ਪਟਿਆਲਾ।

ਪਿੱਠ ਅੰਕਣ ਨੰਬਰ- ਮਿਤੀ-

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ ਪ੍ਰਾਂਤਕ ਉਪ ਮੰਡਲ ਨੰਬਰ 6, ਭਵਨ ਤੇ ਮਾਰਗ ਸ਼ਾਖਾ, ਪਟਿਆਲਾ ਨੂੰ ਉਨਾਂ ਦੇ ਪੱਤਰ ਨੰ- 214 ਮਿਤੀ- 20.07.2021 ਦੇ ਹਵਾਲੇ ਵਿਚ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰਬਰ 1,
ਲੋ.ਨਿ.ਵਿ.,ਭ ਤੇ ਮ ਸ਼ਾਖਾ, ਪਟਿਆਲਾ।

Principal
Our Lady of Fatima Convent Secondary School

Manager
Our Lady of Fatima Convent Sec. School